# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 10-11-2024**

ਕੈਨੇਡਾ ਨੇ ਆਪਣੇ 'ਸਟੂਡੈਂਟ ਡਾਇਰੈਕਟ ਸਟਰੀਮ' (SDS) ਵੀਜਾ ਪ੍ਰੋਗ੍ਰਾਮ ਨੂੰ ਬੰਦ ਕਰਨ ਦਾ ਐਲਾਨ ਕੀਤਾ ਏ, ਜਿਸ ਦਾ ਭਾਰਤੀ ਵਿਦਿਆਰਥੀਆਂ 'ਤੇ ਵੱਡਾ ਅਸਰ ਪਏਗਾ । SDS, ਪੜ੍ਹਾਈ ਲਈ ਪਰਮਿਟ ਲੈਣ ਵਾਲੇ ਕੌਮਾਂਤਰੀ ਵਿਦਿਆਰਥੀਆਂ ਲਈ ਇੱਕ ਮੁੱਖ ਮਾਰਗ ਸੀ । ਜ਼ਿਕਰਯੋਗ ਏ ਕਿ ਇਹ ਫੈਸਲਾ, ਰਿਹਾਇਸ਼ੀ ਘਾਟ ਅਤੇ ਵਸੀਲਿਆਂ 'ਤੇ ਪੈ ਰਹੇ ਦਬਾਅ ਨੂੰ ਦੂਰ ਕਰਨ ਲਈ, ਦੇਸ਼ ਦੀਆਂ ਕੋਸ਼ਿਸ਼ਾਂ ਦੇ ਹਿੱਸੇ ਵਜੋਂ ਲਿਆ ਗਿਆ ਏ । ਸਟੂਡੈਂਟ ਡਾਇਰੈਕਟ ਸਟਰੀਮ' ਪ੍ਰੋਗਰਾਮ ਨੂੰ ਇੱਮੀਗ੍ਰੇਸ਼ਨ, ਰਿਫਿਊਜੀ ਐਂਡ ਸਿਟੀਜਨਸ਼ਿਪ ਕੈਨੇਡਾ (IRCC) ਵੱਲੋਂ 2018 ਵਿੱਚ ਸ਼ੁਰੂ ਕੀਤਾ ਗਿਆ ਸੀ । ਇਹ 14 ਦੇਸ਼ਾਂ ਦੇ ਵਿਦਿਆਰਥੀਆਂ ਲਈ ਸਟੱਡੀ ਪਰਮਿਟ ਦੀਆਂ ਅਰਜ਼ੀਆਂ ਨੂੰ ਤੇਜ਼ ਕਰਨ ਲਈ ਤਿਆਰ ਕੀਤਾ ਗਿਆ ਸੀ । ਇਨ੍ਹਾਂ ਦੇਸ਼ਾਂ ਵਿੱਚ ਭਾਰਤ,

ਬ੍ਰਾਜ਼ੀਲ, ਚੀਨ, ਕੋਲੰਬੀਆ, ਕੋਸਟਾ-ਰਿਕਾ, ਮੋਰੋਕੋ, ਪਾਕਿਸਤਾਨ, ਪੇਰੂ ,ਫਿਲੀਪੀਨਜ਼, ਅਤੇ ਵੀਅਤ-ਨਾਮ ਸ਼ਾਮਲ ਨੇ। ਇਸ ਪ੍ਰੋਗਰਾਮ ਤਹਿਤ, ਅਰਜ਼ੀ ਦੀ ਪ੍ਰਕਿਰਿਆ ਵਧੇਰੇ ਤੇਜ਼ ਸੀ, ਜਿਸ ਨਾਲ ਕੈਨੇਡੀਅਨ ਵਿਦਿਅਕ ਸੰਸਥਾਵਾਂ ਤੱਕ ਜਲਦੀ ਪਹੁੰਚ ਦਾ ਰਾਹ ਪੱਧਰਾ ਹੋਇਆ। ਹਾਲਾਂਕਿ, ਆਪਣੀ ਅਧਿਕਾਰਤ ਵੈੱਬਸਾਈਟ 'ਤੇ ਇੱਕ ਬਿਆਨ ਵਿੱਚ, ਕੈਨੇਡਾ ਦੀ ਸਰਕਾਰ ਨੇ ਦੱਸਿਆ ਏ ਕਿ ਪ੍ਰੋਗਰਾਮ ਦੀ ਗਰਿਮਾ ਨੂੰ ਮਜ਼ਬੂਤ ਕਰਨ, ਵਿਦਿਆਰਥੀਆਂ ਦੇ ਜੋਖਮ ਨਾਲ ਨਜਿਠਣ ਅਤੇ ਸਾਰੇ ਵਿਦਿਆਰਥੀਆਂ ਨੂੰ ਅਰਜ਼ੀ ਪ੍ਰਕਿਰਿਆ ਤੱਕ ਬਰਾਬਰ ਅਤੇ ਨਿਰਪੱਖ ਪਹੁੰਚ ਦੇਣ ਲਈ, ਪ੍ਰੋਗਰਾਮ ਨੂੰ ਬੰਦ ਕਰ ਦਿੱਤਾ ਜਾਵੇਗਾ। ਕੈਨੇਡੀਅਨ ਸਰਕਾਰ ਦੇ ਇਸ ਕਦਮ ਨਾਲ ਕੌਮਾਂਤਰੀ ਵਿਦਿਆਰਥੀਆਂ, ਖਾਸ ਤੌਰ 'ਤੇ SDS ਪ੍ਰੋਗਰਾਮ ਵਿੱਚ ਪਹਿਲਾਂ ਸ਼ਾਮਲ ਕੀਤੇ ਗਏ, ਮੁਲਕਾਂ ਦੇ ਵਿਦਿਆਰਥੀਆਂ ‘ਤੇ ਅਸਰ ਪੈ ਸਕਦਾ ਏ।

------------------------------------------------------------------

ਦੇਸ਼ 'ਚ ਵੱਡੇ ਪੱਧਰ 'ਤੇ ਸਾਉਣੀ ਦੀਆਂ ਫਸਲਾਂ ਦੀ ਖਰੀਦ ਨਿਰਵਿਘਨ ਜਾਰੀ ਏ। ਸਰਕਾਰ ਨੇ ਸ਼ੁੱਕਰਵਾਰ ਤੱਕ ਮੌਜੂਦਾ ਮੰਡੀਕਰਨ ਸੈਸ਼ਨ ਦੌਰਾਨ, 120 ਲੱਖ ਮੀਟ੍ਰਿਕ ਟਨ ਤੋਂ ਵੱਧ ਝੋਨੇ ਦੀ ਖਰੀਦ ਕੀਤੀ ਏ।

ਇਸ ਨਾਲ ਪੰਜਾਬ ਦੇ 6 ਲੱਖ 58 ਹਜ਼ਾਰ ਕਿਸਾਨਾਂ ਨੂੰ ਫਾਇਦਾ ਹੋਇਆ ਏ। ਉਨ੍ਹਾਂ ਨੂੰ 27 ਹਜ਼ਾਰ 995 ਕਰੋੜ ਰੁਪਏ ਦਾ ਘੱਟੋ-ਘੱਟ ਸਮਰਥਨ ਮੁੱਲ- ਅਦਾ ਕੀਤਾ ਗਿਆ ਏ । ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਨੇ ਕਿਹਾ ਕਿ ਗ੍ਰੇਡ 'ਏ' ਝੋਨੇ ਲਈ ਘੱਟੋ ਘੱਟ ਸਮਰਥਨ ਮੁੱਲ ਤੈਅ ਕੀਤਾ ਗਿਆ ਏ। ਇਸ ਨੂੰ ਸਿਰਫ 2 ਹਜ਼ਾਰ 320 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਖਰੀਦਿਆ ਜਾ ਰਿਹਾ ਏ । ਕੇਂਦਰ ਸਰਕਾਰ ਨੇ ਮੌਜੂਦਾ ਸਾਉਣੀ ਸੀਜ਼ਨ ਲਈ ਝੋਨੇ ਦੀ ਖਰੀਦ ਦਾ ਅਨੁਮਾਨ ਲਗਾਇਆ ਏ।

-------------------------------------------------------------------------

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ, ਪਾਕਿਸਤਾਨ ਜਾਣ ਵਾਲੇ ਸਿੱਖ ਜਥੇ ਦੇ ਵੱਡੀ ਗਿਣਤੀ ਸ਼ਰਧਾਲੂਆਂ ਨੂੰ ਵੀਜੇ ਨਾ ਦੇਣ ’ਤੇ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਏ । ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ 2 ਹਜ਼ਾਰ 244 ਸ਼ਰਧਾਲੂਆਂ ਦੇ ਪਾਸਪੋਰਟ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਨੂੰ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 1481 ਨੂੰ ਵੀਜਾ ਨਾ ਦੇਣਾ ਬੇਹੱਦ ਮੰਦਭਾਗਾ ਏ। ਉਨ੍ਹਾਂ ਕਿਹਾ ਕਿ ਦੋਹਾਂ ਮੁਲਕਾਂ

ਦੀਆਂ ਸਰਕਾਰਾਂ ਨੂੰ ਇਸ ਵੱਲ ਵਿਸ਼ੇਸ਼ ਤੌਰ 'ਤੇ ਗੌਰ ਕਰਨਾ ਚਾਹੀਦਾ ਏ । ਪ੍ਰਧਾਨ ਨੇ ਕਿਹਾ ਕਿ ਪਹਿਲਾਂ ਵੀ ਉਨ੍ਹਾਂ ਨੇ ਇਹ ਮਾਮਲਾ ਸਰਕਾਰਾਂ ਕੋਲ ਉਠਾਇਆ ਏ । ਦੁੱਖ ਦੀ ਗੱਲ ਏ ਕਿ ਪਹਿਲਾਂ ਨਾਲੋਂ ਵੀ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਨੂੰ ਵੀਜਿਆਂ ਤੋਂ ਵਿਰਵੇ ਰੱਖਿਆ ਗਿਆ । ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਦੋਵਾਂ ਮੁਲਕਾਂ ਦੀਆਂ ਸਰਕਾਰਾਂ ਕੋਲ ਪੁਖ਼ਤਗੀ ਨਾਲ ਉਠਾਇਆ ਜਾਵੇਗਾ ।

---------------------------------------------------------------------------

ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਕਿਹਾ ਏ ਕਿ ਜਿਲ੍ਹੇ ਭਰ ਵਿਚ ਲੋੜੀਂਦੀ ਮਾਤਰਾ ਵਿਚ ਡੀ.ਏ.ਪੀ. ਤੇ ਹੋਰ ਖਾਦਾਂ ਦੀ ਉਪਲਬਧਤਾ ਏ ਅਤੇ ਕਿਸੇ ਵੀ ਡੀਲਰ ਵਲੋਂ, ਖਾਦ ਦੀ ਜਮਾਂਖੋਰੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਹਿਕਾਰੀ ਸੁਸਾਇਟੀਆਂ ਤੇ ਡੀਲਰਾਂ ਰਾਹੀਂ ਕਿਸਾਨਾਂ ਨੂੰ ਖਾਦ ਮੁਹੱਈਆ ਕਰਵਾਈ ਜਾ ਰਹੀ ਏ ਤੇ ਜੇਕਰ ਕਿਸੇ ਡੀਲਰ ਵਲੋਂ, ਜਮਾਂਖੋਰੀ ਕੀਤੀ ਪਾਈ ਗਈ, ਤਾਂ ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੀਆਂ ਜਿਲ੍ਹਾ ਪੱਧਰੀ ਤੇ ਉਪ ਮੰਡਲ ਪੱਧਰੀ ਟੀਮਾਂ ਵਲੋਂ

ਖਾਦ ਵਿਕਰੇਤਾਵਾਂ ਦੀ ਲਗਾਤਾਰ ਜਾਂਚ ਕੀਤੀ ਜਾ ਰਹੀ ਏ , ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ । ਸ਼੍ਰੀ ਪੰਚਾਲ ਨੇ ਇਹ ਵੀ ਹਦਾਇਤ ਕੀਤੀ ਕਿ ਜੇਕਰ ਕੋਈ ਖਾਦ ਵਿਕਰੇਤਾ ਸਰਕਾਰ ਵਲੋਂ ਨਿਰਧਾਰਿਤ ਰੇਟ ਤੋਂ ਵੱਧ ਵਸੂਲਦਾ ਜਾਂ ਕੋਈ ਟੈਗਿੰਗ ਕਰਦਾ ਏ ਤਾਂ ਉਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਇਸੇ ਦੌਰਾਨ ਕਲ ਖੇਤੀਬਾੜੀ ਵਿਭਾਗ ਦੀਆਂ ਵੱਖ-ਵੱਖ ਟੀਮਾਂ ਵਲੋਂ ਜਿਲ੍ਹੇ ਭਰ ਵਿਚ ਖਾਦ ਵਿਕਰੇਤਾਵਾਂ ਦੀ ਜਾਂਚ ਕੀਤੀ ਗਈ । ਓਧਰ ਸ੍ਰੀ ਮੁਕਤਸਰ ਸਾਹਿਬ ਦੇ ਮੁੱਖ ਖੇਤੀਬਾੜੀ ਅਫਸਰ ਗੁਰਨਾਮ ਸਿੰਘ ਨੇ ਕਿਸਾਨਾਂ ਨੂੰ ਖਾਦਾਂ ਦੀ ਲੋੜ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਅਨੁਸਾਰ ਵਰਤੋਂ ਕਰਨ ਦੀ ਅਪੀਲ ਕੀਤੀ ਏ । ਉਨ੍ਹਾਂ ਕਿਹਾ ਕਿ ਖਾਦਾਂ ਦੀ ਬੇਲੋੜੀ ਵਰਤੋਂ ਕਰਨ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਤੇ ਪ੍ਰਤੀਕੂਲ ਪ੍ਰਭਾਵ ਪਾਉਂਦੀ ਏ । ਉਨ੍ਹਾਂ ਡੀ. ਏ. ਪੀ. ਦੀ ਵਰਤੋਂ ਵੀ ਮਾਹਿਰਾਂ ਵੱਲੋਂ ਦੱਸੀ ਮਾਤਰਾ ਅਨੁਸਾਰ ਹੀ ਕਰਨ ਲਈ ਆਖਿਆ ਤੇ ਕਿਹਾ ਕਿ ਫਾਸ-ਫੋਰਸ ਦੇ ਬਦਲ ਵਜੋਂ ਹੋਰ ਖਾਦਾਂ ਦੀ ਵਰਤੋਂ ਕੀਤੀ ਜਾ ਸਕਦੀ ਏ । ਉਨ੍ਹਾਂ ਕਿਹਾ ਕਿ ਫਸਲਾਂ ਦੀ ਰਹਿੰਦ-ਖੂੰਹਦ ਨੂੰ ਜ਼ਮੀਨ `ਚ

ਵਾਹ ਕੇ ਵੀ ਖਾਦਾਂ ਦੀ ਵਰਤੋਂ ਨੂੰ ਘਟਾਇਆ ਜਾ ਸਕਦਾ ਏ । ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵੱਖ ਵੱਖ ਟੀਮਾਂ ਦਾ ਵੀ ਗਠਨ ਕੀਤਾ ਗਿਆ ਏ , ਜੋ ਕਿ ਵੱਖ-ਵੱਖ ਥਾਵਾਂ `ਤੇ ਚੈਕਿੰਗ ਕਰ ਰਹੀਆਂ ਨੇ ਤਾਂ ਜੋ ਕੋਈ ਵੀ ਖਾਦ ਵਿਕਰੇਤਾ ਡੀ.ਏ.ਪੀ. ਖਾਦ ਜਾਂ ਹੋਰ ਖਾਦਾਂ ਨਾਲ ਕਿਸਾਨਾਂ ਨੂੰ ਕੋਈ ਹੋਰ ਗੈਰ ਜ਼ਰੂਰੀ ਖਾਦਾਂ ਤੇ ਦਵਾਈਆਂ ਨਾ ਦੇਵੇ। ਮਾਲੇਰਕੋਟਲਾ ਜ਼ਿਲਾ ਪ੍ਰਸ਼ਾਸ਼ਨ ਵਲੋਂ ਵੀ ਲਗਾਤਾਰ ਖਾਦ ਵਿਕਰੇਤਾਵਾਂ ਦੇ ਭੰਡਾਰ ਦੀ ਚੈਕਿੰਗ ਕੀਤੀ ਜਾ ਰਹੀ ਏ ਤਾਂ ਜੋ ਖਾਦਾਂ ਦੀ ਜਮ੍ਹਾਖੋਰੀ, ਕੀਮਤ ਵੱਧ ਵਸੂਲਣ ਤੇ ਖਾਦ ਨਾਲ ਹੋਰ ਸਮਾਨ ਵੇਚਣ ਵਾਲਿਆਂ 'ਤੇ ਨਕੇਲ ਕਸੀ ਜਾ ਸਕੇ ।

---------------------------------------------------------------------------

ਉਦਯੋਗਿਕ ਨਗਰੀ ਮੰਡੀ ਗੋਬਿੰਦਗੜ੍ਹ ਵਿੱਚ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਅਤੇ ਡਰਾਈਵਿੰਗ ਕਰਨ ਵਾਲੇ ਨਾਬਾਲਗਾਂ 'ਤੇ ਰੋਕ ਲਾਉਣ ਲਈ, ਫਤਹਿਗੜ੍ਹ ਸਾਹਿਬ ਜਿਲਾ ਟਰੈਫਿਕ ਪੁਲਿਸ ਨੇ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਤੇ ਇਕੱਠਿਆਂ ਵਿਸ਼ੇਸ਼ ਨਾਕਾਬੰਦੀ ਕਰਕੇ ਚਲਾਨ ਕੱਟੇ । ਟਰੈਫਿਕ ਨਿਯਮਾਂ ਦੀ ਹੋ ਰਹੀ ਉਲੰਘਣਾ ਨੂੰ ਲੈ ਕੇ ਟਰੈਫਿਕ ਪੁਲਿਸ ਦੇ ਡੀ.ਐਸ.ਪੀ ਖੁਸ਼ਪ੍ਰੀਤ ਸਿੰਘ ਨੇ ਦੱਸਿਆ ਕਿ ਨੇ ਦੱਸਿਆ ਕਿ

ਟਰੈਫਿਕ ਪੁਲਿਸ ਵਲੋਂ ਟਰੈਫਿਕ ਨਿਯਮਾ ਦੀ ਉਲੰਘਣਾ ਕਰਨ ਵਾਲੇ 123 ਵਾਹਨਾਂ ਦੇ ਚਲਾਨ ਕੀਤੇ ਗਏ । ਡੀ.ਐਸ.ਪੀ ਨੇ ਕਿਹਾ ਕਿ 18 ਸਾਲਤੋਂ ਘਾਟ ਉਮਰ ਦਾ ਕੋਈ ਵੀ ਬੱਚਾ ਵਾਹਨ ਚਲਾਉਦਾ ਫੜਿਆ ਗਿਆ ਤਾਂ ਇਸਦੀ ਕਾਰਵਾਈ ਉਸ ਦੇ ਮਾਪਿਆਂ 'ਤੇ ਹੋਵੇਗੀ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ 18 ਸਾਲਾਂ ਤੋਂ ਘੱਟ ਬਚਿਆਂ ਨੂੰ ਵਾਹਨ ਚਲਾਉਣ ਦੀ ਇਜਾਜ਼ਤ ਨਾ ਦੇਣ । ਉਨਾਂ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ, ਆਪਣੇ ਵਾਹਨ ਦੇ ਸਾਰੇ ਕਾਗਜਾਤ ਪੂਰੇ ਰੱਖਣ, ਜੇਕਰ ਕੋਈ ਵਿਅਕਤੀ ਟਰੈਫਿਕ ਨਿਯਮਾਂ ਦੀ ਉਂਲਘਣਾ ਕਰਦਾ ਫੜਿਆ ਗਿਆ ਤਾਂ ਉਸ ਦਾ ਚਲਾਨ ਕੀਤਾ ਜਾਵੇਗਾ । ਤਹਿਸੀਲਦਾਰ ਸ਼ੀਸੂ ਪਾਲ,ਅਤੇ ਟੀਮ ਨੇ ਖਾਦ ਵਿਕਰੇਤਾਵਾਂ ਅਤੇ ਭੰਡਾਰ ਦੀ ਜਾਂਚ ਕੀਤੀ । ਉਨ੍ਹਾਂ ਦੱਸਿਆ ਕਿ ਜੇਕਰ ਕੋਈ ਖਾਦ ਵਿਕਰੇਤਾ, ਕਿਸਾਨਾਂ ਨੂੰ ਡੀ.ਏ.ਪੀ ਖਾਦ ਉਪਲਬੱਧ ਹੋਣ ਦੇ ਬਾਵਜੂਦ ਮਨਾ ਕਰਦਾ ਏ, ਡੀ.ਏ.ਪੀ. ਖਾਦ ਨਾਲ ਟੈਗਿੰਗ ਜਾਂ ਖਾਦ ਨੂੰ ਤੈਅ ਕੀਮਤ ਤੋਂ ਵੱਧ ਵੇਚਦੇ ਤਾਂ ਉਸ ਖਾਦ ਵਿਕਰੇਤਾ ਦਾ ਲਾਇਸੈਂਸ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤਾ ਜਾਵੇਗਾ ।